**PUNJAB VIDHAN SABHA**

**DEBATES**

*Monday, the 19th October, 2020*

Vol. XIII- No. 1

(Special Session)

OFFICIAL REPORT

**CONTENTS**


| | Page |
|---|---|
| Obituary References | (1) 1 |
| Short Adjournment of the House | (1) 6 |
| Presentation of the First Report of the Business Advisory Committee | (1) 6 |
| Announcement by the Speaker Regarding Panel of Chairmen | (1)12 |
| Re-laying of Report of Rules Committee | (1)12 |
| Re-Laying of the Punjab Legislative Assembly (Disqualification of Members on Ground of Defection) Rules, 2020 by the Secretary on the Table of the House | (1)13 |
| Papers Laid on the Table of the House | (1)13 |
| Presentation of Reports of the Committee | (1)15 |



**Punjab Vidhan Sabha Secretariat**

***Price: Rs.__________***

## ਪੰਜਾਬ ਮੰਤਰੀ ਮੰਡਲ ਦੀ ਸੂਚੀ

| ਕ੍ਰਮ ਨੰ. | ਨਾਮ | ਮਹਿਕਮਾ/ਮਹਿਕਮੇ |
|---|---|---|
| 1. | ਕੈਪਟਨ ਅਮਰਿੰਦਰ ਸਿੰਘ<br>ਮੁੱਖ ਮੰਤਰੀ | ਪ੍ਰਬੰਧਕੀ ਸੁਧਾਰ, ਖੇਤੀਬਾੜੀ ਅਤੇ ਕਿਸਾਨ ਭਲਾਈ, ਬਾਗਬਾਨੀ, ਭੂਮੀ ਤੇ ਜਲ ਸੰਭਾਲ, ਸ਼ਹਿਰੀ ਹਵਾਬਾਜ਼ੀ, ਰੱਖਿਆ ਸੇਵਾਵਾਂ ਭਲਾਈ, ਆਬਕਾਰੀ ਕਰ ਤੇ, ਆਮ ਪ੍ਰਸ਼ਾਸਨ, ਗ੍ਰਹਿ ਮਾਮਲੇ ਤੇ ਨਿਆਂ, ਪ੍ਰਾਹੁਣਾਚਾਰੀ, ਨਿਵੇਸ਼ ਕਾਨੂੰਨੀ ਪ੍ਰੋਤਸਾਹਨ,ਸੂਚਨਾ ਤੇ ਲੋਕ ਸੰਪਰਕ, ਕਨੂੰਨੀ ਤੇ ਵਿਧਾਨਕ ਮਾਮਲੇ, ਪਰਸੋਨਲ, ਚੌਕਸੀ ਜੰਗਲੀ ਜੀਵ, ਸਾਇੰਸ ਤੇ ਤਕਨਾਲੋਜੀ ਅਤੇ ਵਾਤਾਵਰਣ, ਸੂਚਨਾਂ ਤਕਨਾਲੋਜੀ, ਊਰਜਾ, ਨਵ ਤੇ ਨਵਿਆਉਣਯੋਗ ਊਰਜਾ ਸਰੋਤ ਪ੍ਰਸ਼ਾਸਕੀ ਸੁਧਾਰ |
| | Captain Amarinder Singh<br>Chief Minister | Administrative Reforms, Agriculture and Farmers' Welfare, Horticulture, Conservation of Land and Water, Civil Aviation, Defence Services Welfare, Excise & Taxation, General Administration, Home Affairs and Justice, Hospitality, Investment Promotion, Information & Public Relations, Legal & Legislative Affairs, Personnel, Vigilance, Wildlife, Science & Technology and Environment, Information Technology, Power, New & Renewable Energy Soures Governonce Reforms |
| 2. | ਸ਼੍ਰੀ ਬ੍ਰਹਮ ਮਹਿੰਦਰਾ | ਸਥਾਨਕ ਸਰਕਾਰ, ਸੰਸਦੀ ਮਾਮਲੇ, ਚੋਣਾਂ, ਸ਼ਿਕਾਇਤ ਨਿਵਾਰਣ ਮੰਤਰੀ |
| | Shri Brahm Mohindra | Local Govt, Parliamentary Affairs, Elections, Removal of Grievances Minister |

## ਪੰਜਾਬ ਮੰਤਰੀ ਮੰਡਲ ਦੀ ਸੂਚੀ

| ਕ੍ਰਮ ਨੰ: | ਨਾਮ | ਮਹਿਕਮਾ/ਮਹਿਕਮੇ |
|---|---|---|
| 3. | ਸਰਦਾਰ ਮਨਪ੍ਰੀਤ ਸਿੰਘ ਬਾਦਲ | ਵਿੱਤ, ਯੋਜਨਾ, ਪ੍ਰੋਗਰਾਮ ਲਾਗੂਕਰਨ, ਪ੍ਰਸ਼ਾਸਕੀ ਮੰਤਰੀ |
| | Sardar Manpreet Singh Badal | Finance, Planning, Programme Implementation, Minister |
| 4. | ਸਰਦਾਰ ਸਾਧੂ ਸਿੰਘ | ਜੰਗਲਾਤ, ਸਮਾਜਿਕ ਨਿਆਂ ਅਧਿਕਾਰਤਾ ਅਤੇ ਘੱਟ ਗਿਣਤੀ ਛਪਾਈ ਤੇ ਲਿਖਣ ਸਮੱਗਰੀ ਮੰਤਰੀ |
| | Sardar Sadhu Singh | Forests, Social Justice, Empowerment and Minorities, Printing & Stationery Minister |
| 5. | ਸ਼੍ਰੀ ਓਮ ਪ੍ਰਕਾਸ਼ ਸੋਨੀ | ਮੈਡੀਕਲ ਸਿੱਖਿਆ ਤੇ ਖੋਜ, ਅਜ਼ਾਦੀ ਘੁਲਾਈਟੇ, ਫੂਡ ਪ੍ਰਾਸੈਸਿੰਗ ਮੰਤਰੀ |
| | Shri Om Parkash Soni | Medical Education & Research , Freedom Fighters, Food Processing Minister |
| 6. | ਸਰਦਾਰ ਤ੍ਰਿਪਤ ਰਜਿੰਦਰ ਸਿੰਘ ਬਾਜਵਾ | ਦਿਹਾਤੀ ਵਿਕਾਸ ਤੇ ਪੰਚਾਇਤਾਂ, ਪਸ਼ੂ ਪਾਲਣ ਮੱਛੀ ਪਾਲਣ ਡੇਅਰੀ ਵਿਕਾਸ, ਉਚੇਰੀ ਸਿੱਖਿਆ ਮੰਤਰੀ |
| | Sardar Tript Rajinder Singh Bajwa | Rural Development & Panchayats, Animal Husbandry, Fisheries, &Dairy Development Higher Education Minister |
| 7. | ਰਾਣਾ ਗੁਰਮੀਤ ਸਿੰਘ ਸੋਢੀ | ਖੇਡਾਂ ਅਤੇ ਯੁਵਕ ਮਾਮਲੇ ਅਤੇ ਪ੍ਰਵਾਸੀ ਭਾਰਤੀ ਮਾਮਲੇ ਮੰਤਰੀ |
| | Rana Gurmeet Singh Sodhi | Sports and Youth Affairs and NRIs Minister |
| 8. | ਸਰਦਾਰ ਚਰਨਜੀਤ ਸਿੰਘ ਚੰਨੀ | ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ, ਰੁਜ਼ਗਾਰ ਉਤਪਤੀ, ਸੈਰ-ਸਪਾਟਾ ਤੇ ਸਭਿਆਚਾਰਕ ਮਾਮਲੇ ਮੰਤਰੀ |
| | Sardar Charanjit Singh Channi | Technical Education and Industrial Training, Employment Generation, Tourism and Cultural Affairs Minister |

## ਪੰਜਾਬ ਮੰਤਰੀ ਮੰਡਲ ਦੀ ਸੂਚੀ

| ਕ੍ਰਮ ਨੰ: | ਨਾਮ | ਮਹਿਕਮਾ/ਮਹਿਕਮੇ |
|---|---|---|
| 9. | ਸ਼੍ਰੀਮਤੀ ਅਰੁਨਾ ਚੌਧਰੀ<br>Smt. Aruna Chaudhary | ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਮੰਤਰੀ<br>Social Security, Women & Child Development Minister |
| 10. | ਸ਼੍ਰੀਮਤੀ ਰਜ਼ੀਆ ਸੁਲਤਾਨਾ<br>Smt. Razia Sultana | ਜਲ ਸਪਲਾਈ ਤੇ ਸੈਨੀਟੇਸ਼ਨ, ਟਰਾਂਸਪੋਰਟ ਮੰਤਰੀ<br>Water Supply & Sanitation, Transport Minister |
| 11. | ਸਰਦਾਰ ਸੁਖਜਿੰਦਰ ਸਿੰਘ ਰੰਧਾਵਾ<br>Sardar Sukhjinder Singh Randhawa | ਸਹਿਕਾਰਤਾ, ਜੇਲ੍ਹਾਂ ਮੰਤਰੀ<br>Cooperation, Jails Minister |
| 12. | ਸਰਦਾਰ ਸੁਖਬਿੰਦਰ ਸਿੰਘ ਸਰਕਾਰੀਆ<br>Sardar Sukhbinder Singh Sarkaria | ਜਲ ਸਰੋਤ, ਖਾਣਾਂ ਤੇ ਭੂ-ਵਿਗਿਆਨ, ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ<br>Water Resources, Mining & Geology, Housing and Urban Development Minister |
| 13. | ਸਰਦਾਰ ਗੁਰਪ੍ਰੀਤ ਸਿੰਘ ਕਾਂਗੜ<br>Sardar Gurpreet Singh Kangar | ਮਾਲ, ਪੁਨਰਵਾਸ ਅਤੇ ਕੁਦਰਤੀ ਆਫਤਾਂ ਪ੍ਰਬੰਧਨ ਮੰਤਰੀ<br>Revenue, Rehabilitation and Disaster Management Minister |
| 14. | ਸਰਦਾਰ ਬਲਬੀਰ ਸਿੰਘ ਸਿੱਧੂ<br>Sardar Balbir Singh Sidhu | ਸਿਹਤ ਅਤੇ ਪਰਿਵਾਰ ਭਲਾਈ ਤੇ ਕਿਰਤ ਮੰਤਰੀ<br>Health and Family Welfare, Labour Minister |
| 15. | ਸ਼੍ਰੀ ਵਿਜੈ ਇੰਦਰ ਸਿੰਗਲਾ<br>Shri Vijay Inder Singla | ਸਕੂਲ ਸਿੱਖਿਆ, ਲੋਕ ਨਿਰਮਾਣ ਮੰਤਰੀ<br>School Education, Public Works Minister |
| 16. | ਸ਼੍ਰੀ ਸੁੰਦਰ ਸ਼ਾਮ ਅਰੋੜਾ<br>Shri Sunder Sham Arora | ਉਦਯੋਗ ਤੇ ਕਮਰਸ ਮੰਤਰੀ<br>Industries & Commerce Minister |
| 17. | ਸ਼੍ਰੀ ਭਾਰਤ ਭੂਸ਼ਣ ਆਸ਼ੂ<br>Shri Bharat Bhushan Ashu | ਖੁਰਾਕ ਤੇ ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ ਮੰਤਰੀ<br>Food & Civil Supplies and Consumer Affairs Minister |

**PUNJAB VIDHAN SABHA**

*Monday, the 19th October, 2020*

*The Vidhan Sabha met in the Punjab Vidhan Sabha Hall, Vidhan Bhawan, Sector-1, Chandigarh at 11.00 A.M. Mr. Speaker (Rana Kanwar Pal Singh) in the Chair.*

---

OBITUARY REFERENCES

**ਮਾਨਯੋਗ ਸਪੀਕਰ :** ਅਕਾਲ ਚਲਾਣਿਆਂ ਦਾ ਵਰਣਨ। ਵਿਧਾਨ ਸਭਾ ਦੇ ਪਿਛਲੇ ਸਮਾਗਮ ਤੋਂ ਅੱਜ ਤੱਕ ਦੇ ਸਮੇਂ ਦੌਰਾਨ ਕਈ ਸਤਿਕਾਰਯੋਗ ਸ਼ਖਸੀਅਤਾਂ ਸਾਡੇ ਤੋਂ ਵਿਛੜ ਗਈਆਂ ਹਨ। ਅਸੀਂ ਉਨ੍ਹਾਂ ਨੂੰ ਸ਼ਰਧਾਂਜਲੀ ਦੇਣ ਲਈ ਇਕੱਤਰ ਹੋਏ ਹਾਂ। ਕੁਝ ਅਜਿਹੀਆਂ ਸ਼ਖਸੀਅਤਾਂ ਜੋ ਆਪਣੇ ਜੀਵਨ ਨੂੰ ਕੌਮ ਦੇ ਲੇਖੇ ਲਗਾ ਕੇ ਸਮਾਜ ਅਤੇ ਦੇਸ਼ ਦੀ ਸੇਵਾ ਵਿੱਚ ਵੱਡਮੁੱਲਾ ਯੋਗਦਾਨ ਪਾਉਂਦੀਆਂ ਹੋਈਆਂ ਸਾਨੂੰ ਸਦੀਵੀ ਵਿਛੋੜਾ ਦੇ ਗਈਆਂ ਹਨ। ਆਓ, ਉਨ੍ਹਾਂ ਨੂੰ ਦਿਲ ਦੀਆਂ ਗਹਿਰਾਈਆਂ ਤੋਂ ਆਪਣੀ ਸ਼ਰਧਾਂਜਲੀ ਭੇਟ ਕਰੀਏ।

ਸ਼ਹੀਦ ਕਰਨੈਲ ਸਿੰਘ, ਲਾਂਸ ਨਾਇਕ ਸਾਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 24 ਜੂਨ, 1993 ਨੂੰ ਪਿੰਡ ਅਸਪਾਲ ਕਲਾਂ, ਜ਼ਿਲ੍ਹਾ ਬਰਨਾਲਾ ਵਿਖੇ ਹੋਇਆ। ਉਹ ਮਿਤੀ 30 ਸਤੰਬਰ, 2020 ਨੂੰ ਜੰਮੂ ਕਸ਼ਮੀਰ ਦੇ ਕ੍ਰਿਸ਼ਨਾ ਘਾਟੀ ਸੈਕਟਰ ਵਿਖੇ ਦੁਸ਼ਮਣਾਂ ਨਾਲ ਲੜਦੇ ਹੋਏ ਸ਼ਹੀਦ ਹੋਏ। ਉਨ੍ਹਾਂ ਦੇ ਦੁਖਦਾਈ ਸਦੀਵੀ ਵਿਛੋੜੇ ਨਾਲ ਰਾਜ ਇੱਕ ਜਾਂਬਾਜ਼ ਸੈਨਿਕ ਦੀਆਂ ਸੇਵਾਵਾਂ ਤੋਂ ਵਾਂਝਾ ਹੋ ਗਿਆ ਹੈ।

ਸ਼੍ਰੀ ਮਹਿੰਦਰ ਸਿੰਘ, ਸੁਤੰਤਰਤਾ ਸੰਗਰਾਮੀ ਵੀ ਸਾਨੂੰ ਮਿਤੀ 15 ਸਤੰਬਰ, 2020 ਨੂੰ ਸਦੀਵੀ ਵਿਛੋੜਾ ਦੇ ਗਏ ਹਨ ਉਨ੍ਹਾਂ ਦਾ ਜਨਮ ਚੱਕ ਨੰਬਰ 20, ਤਹਿਸੀਲ ਫਾਲੀਆ, ਪਾਕਿਸਤਾਨ ਵਿਖੇ ਹੋਇਆ। ਉਨ੍ਹਾਂ ਨੇ ਸਾਲ 1942 ਵਿੱਚ 'ਭਾਰਤ ਛੱਡੋ ਅੰਦੋਲਨ' ਦੌਰਾਨ ਜੇਲ੍ਹ ਕੱਟੀ ਸੀ ।

ਸ਼੍ਰੀ ਸਰਦਾਰ ਸਿੰਘ, ਸੁਤੰਤਰਤਾ ਸੰਗਰਾਮੀ ਵੀ ਸਾਨੂੰ ਮਿਤੀ 1 ਅਕਤੂਬਰ, 2020 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਸਾਲ 1924 ਨੂੰ ਪਾਕਿਸਤਾਨ ਵਿਚ ਹੋਇਆ। ਉਨ੍ਹਾਂ ਨੇ ਵੀ ਸਾਲ 1942 ਵਿੱਚ 'ਭਾਰਤ ਛੱਡੋ ਅੰਦੋਲਨ' ਦੌਰਾਨ ਜੇਲ੍ਹ ਕੱਟੀ।

[ਮਾਨਯੋਗ ਸਪੀਕਰ]

ਸ਼੍ਰੀ ਰਾਏ ਸਿੰਘ ਪਤੰਗਾ, ਸੁਤੰਤਰਤਾ ਸੰਗਰਾਮੀ ਵੀ ਸਾਨੂੰ 23 ਸਤੰਬਰ, 2020 ਨੂੰ ਸਦੀਵੀ ਵਿਛੋੜਾ ਦੇ ਗਏ ਹਨ, ਉਨ੍ਹਾਂ ਦਾ ਜਨਮ ਮਿਤੀ 23 ਜੂਨ, 1924 ਨੂੰ ਪਾਕਿਸਤਾਨ ਵਿਚ ਹੋਇਆ। ਉਹ ਆਲ ਇੰਡੀਆ ਰਾਸ਼ਟਰੀ ਸੁਤੰਤਰਤਾ ਸੈਨਾਨੀ ਪਰਿਵਾਰਕ ਸੰਗਠਨ ਦੇ ਪ੍ਰਧਾਨ ਸਨ।

**ਵਿੱਤ ਮੰਤਰੀ (ਸਰਦਾਰ ਮਨਪ੍ਰੀਤ ਸਿੰਘ ਬਾਦਲ):** ਸਪੀਕਰ ਸਾਹਿਬ, ਜੇਕਰ ਤੁਹਾਡੀ ਇਜਾਜ਼ਤ ਹੋਵੇ ਤਾਂ ਮੈਂ ਕੁਝ ਕਹਿਣਾ ਚਾਹੁੰਦਾ ਹਾਂ।

**Mr. Speaker:** Just wait. ਸ਼੍ਰੀ ਮਹਿੰਦਰ ਸਿੰਘ, ਸੁਤੰਤਰਤਾ ਸੰਗਰਾਮੀ ਵੀ ਸਾਨੂੰ ਮਿਤੀ 8 ਸਤੰਬਰ, 2020 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 27 ਦਸੰਬਰ, 1930 ਨੂੰ ਪਿੰਡ ਪੱਤੋਂ, ਤਹਿਸੀਲ ਬੱਸੀ ਪਠਾਣਾ, ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿਖੇ ਹੋਇਆ।

ਸ਼੍ਰੀ ਹੇਮਰਾਜ ਮਿੱਤਲ, ਸੁਤੰਤਰਤਾ ਸੰਗਰਾਮੀ ਵੀ ਸਾਨੂੰ ਮਿਤੀ 18 ਸਤੰਬਰ, 2020 ਨੂੰ ਸਦੀਵੀ ਵਿਛੋੜਾ ਦੇ ਗਏ ਹਨ।ਉਨ੍ਹਾਂ ਦਾ ਜਨਮ ਮਿਤੀ 6 ਅਕਤੂਬਰ, 1926 ਨੂੰ ਪਿੰਡ ਹਰਿ ਰਾਏਪੁਰ, ਤਹਿਸੀਲ ਤੇ ਜ਼ਿਲ੍ਹਾ ਬਠਿੰਡਾ ਵਿਖੇ ਹੋਇਆ। ਉਨ੍ਹਾਂ ਨੇ ਅਜ਼ਾਦੀ ਦੇ ਘੋਲ ਵਿੱਚ ਪਰਜਾ ਮੰਡਲ ਲਹਿਰ ਰਾਹੀਂ ਹਿੱਸਾ ਲਿਆ ਅਤੇ ਅਜ਼ਾਦੀ ਸਮੇ ਂ ਵੱਖ-ਵੱਖ ਜੇਲ੍ਹਾਂ ਵਿੱਚ ਕੈਦ ਕੱਟੀ । ਇਨ੍ਹਾਂ ਸਾਰੇ ਸੁਤੰਤਰਤਾ ਸੰਗਰਾਮੀਆਂ ਨੇ ਆਪਣੀ ਲਗਨ, ਮਿਹਨਤ ਅਤੇ ਕੁਰਬਾਨੀ ਸਦਕਾ ਹਿੰਦੁਸਤਾਨ ਨੂੰ ਅਜ਼ਾਦ ਕਰਵਾਉਣ ਵਿੱਚ ਆਪਣਾ-ਆਪਣਾ ਵੱਡਮੁੱਲਾ ਯੋਗਦਾਨ ਪਾਇਆ। ਅੱਜ ਅਸੀਂ ਉਨ੍ਹਾਂ ਦੀਆਂ ਕੁਰਬਾਨੀਆਂ ਸਦਕਾ ਮਿਲੀ ਅਜ਼ਾਦੀ ਦਾ ਨਿੱਘ ਮਾਣ ਰਹੇ ਹਾਂ ਅਤੇ ਉਨ੍ਹਾਂ ਨੂੰ ਕਦੇ ਵੀ ਭੁਲਾ ਨਹੀਂ ਸਕਦੇ।

ਇਹ ਸਦਨ ਪ੍ਰਸਿੱਧ ਭਾਸ਼ਾ ਵਿਗਿਆਨੀ, ਪ੍ਰਬੁੱਧ ਪੱਤਰਕਾਰ ਅਤੇ ਸਿੱਖਿਆ ਸ਼ਾਸਤਰੀ, ਸਰਦਾਰ ਜੋਗਿੰਦਰ ਸਿੰਘ ਪੁਆਰ ਨੂੰ ਭਾਵ-ਭਿੰਨੀ ਸ਼ਰਧਾ ਭੇਂਟ ਕਰਦਾ ਹੈ । ਸਰਦਾਰ ਜੋਗਿੰਦਰ ਸਿੰਘ ਪੁਆਰ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਵਾਈਸ ਚਾਂਸਲਰ ਅਤੇ 'ਦੇਸ਼ ਸੇਵਕ' ਅਖਬਾਰ ਦੇ ਸੰਪਾਦਕ ਵੀ ਰਹੇ ਹਨ। ਉਨ੍ਹਾਂ ਨੇ ਪੰਜਾਬੀ ਭਾਸ਼ਾ, ਪੱਤਰਕਾਰੀ ਅਤੇ ਵਿੱਦਿਅਕ ਖੇਤਰ ਵਿੱਚ ਨਿੱਗਰ ਯੋਗਦਾਨ ਪਾਇਆ ਹੈ।

ਇਹ ਸਦਨ ਪ੍ਰਸਿੱਧ ਵਿਗਿਆਨੀ ਅਤੇ ਸਤਿਕਾਰਤ ਸਾਹਿਤਕਾਰ ਡਾ. ਕੁਲਦੀਪ ਸਿੰਘ ਧੀਰ ਦੇ ਅਕਾਲ ਚਲਾਣੇ ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਾ ਹੈ। ਡਾ. ਧੀਰ ਲੰਮਾ ਸਮਾਂ ਵਿਗਿਆਨ ਦੇ ਅਧਿਆਪਕ ਰਹੇ ਹਨ। ਉਨ੍ਹਾਂ ਨੇ ਪੰਜਾਬੀ ਯੂਨੀਵਰਸਿਟੀ ਵਿੱਚ ਡੀਨ ਦੇ ਅਹੁਦੇ ਤੇ ਰਹਿ ਕੇ ਵੀ ਸੇਵਾ ਕੀਤੀ। ਉਨ੍ਹਾਂ ਨੇ

ਵੱਖ-ਵੱਖ ਵਿਗਿਆਨ ਵਿਸ਼ਿਆਂ ਉਤੇ ਪੰਜਾਬੀ ਭਾਸ਼ਾ ਵਿੱਚ ਕਿਤਾਬਾਂ ਲਿਖ ਕੇ ਪੰਜਾਬੀ ਭਾਸ਼ਾ ਨੂੰ ਅਮੀਰ ਕਰਨ ਵਿੱਚ ਵੱਡਾ ਯੋਗਦਾਨ ਪਾਇਆ। ਉਹ ਆਪਣੇ ਜੀਵਨ ਦੇ ਅਖੀਰਲੇ ਦਿਨ ਤੱਕ ਵੀ ਪੰਜਾਬੀ ਬੋਲੀ ਦੀ ਸੇਵਾ ਵਿੱਚ ਲੱਗੇ ਰਹੇ।

ਇਹ ਸਦਨ ਪ੍ਰਸਿੱਧ ਸੰਗੀਤਕਾਰ ਸਰਦਾਰ ਕੇਸਰ ਸਿੰਘ ਨਰੂਲਾ ਦੇ ਅਕਾਲ ਚਲਾਣੇ ਉਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਾ ਹੈ। ਉਨ੍ਹਾਂ ਨੇ ਜਿੱਥੇ ਸੈਂਕੜੇ ਮਿਆਰੀ ਪੰਜਾਬੀ ਗੀਤਾਂ ਨੂੰ ਸੰਗੀਤ ਦਿੱਤਾ ਹੈ, ਉਥੇ ਉਨ੍ਹਾਂ ਨੇ ਦਰਜਨਾਂ ਪੰਜਾਬੀ ਅਤੇ ਹਿੰਦੀ ਫਿਲਮਾਂ ਨੂੰ ਵੀ ਆਪਣੇ ਸੰਗੀਤ ਨਾਲ ਸ਼ਿੰਗਾਰਿਆ ਹੈ। ਸਰਦਾਰ ਨਰੂਲਾ ਜਿੱਥੇ ਖੁਦ ਬਹੁਤ ਹੀ ਸੁਰੀਲੇ ਗਾਇਕ ਸਨ, ਉਥੇ ਉਨ੍ਹਾਂ ਦੀ ਸੰਗਤ ਸਦਕਾ ਉਨ੍ਹਾਂ ਦੀ ਪਤਨੀ ਮੋਹਣੀ ਨਰੂਲਾ ਅਤੇ ਉਨ੍ਹਾਂ ਦੀ ਬੇਟੀ ਜਸਪਿੰਦਰ ਨਰੂਲਾ ਵੀ ਮਿਆਰੀ ਗਾਇਕੀ ਦੇ ਖੇਤਰ ਵਿੱਚ ਬਹੁਤ ਵੱਡਾ ਯੋਗਦਾਨ ਪਾ ਰਹੀਆਂ ਹਨ।

ਇਨ੍ਹਾਂ ਸਭਨਾਂ ਦੇ ਚਲੇ ਜਾਣ ਨਾਲ ਦੇਸ਼, ਰਾਜ ਅਤੇ ਸਾਨੂੰ ਨਾ ਪੂਰਿਆ ਜਾਣ ਵਾਲਾ ਵੱਡਾ ਘਾਟਾ ਪਿਆ ਹੈ ਅਤੇ ਅਸੀਂ ਉਨ੍ਹਾਂ ਦੀਆਂ ਵੱਡਮੁੱਲੀਆਂ ਸੇਵਾਵਾਂ ਤੋਂ ਵਾਂਝੇ ਹੋ ਗਏ ਹਾਂ।

**ਸ਼੍ਰੀ ਨੱਥੂ ਰਾਮ :** ਸਪੀਕਰ ਸਾਹਿਬ।

**ਮਾਨਯੋਗ ਸਪੀਕਰ :** ਪਲੀਜ਼, ਬੈਠੋ ਜ਼ਰਾ। ਬਾਅਦ ਵਿੱਚ ਗੱਲ ਕਰਦੇ ਹਾਂ। ਇਹ ਸਦਨ ਬੜੇ ਡੂੰਘੇ ਦੁੱਖ ਅਤੇ ਗੰਭੀਰ ਹਿਰਦੇ ਨਾਲ ਉਨ੍ਹਾਂ ਪ੍ਰਤੀ ਆਪਣੀ ਸੱਚੀ ਸ਼ਰਧਾਂਜਲੀ ਭੇਂਟ ਕਰਦਾ ਹੈ। ਸਾਨੂੰ ਯਤਨ ਕਰਨਾ ਚਾਹੀਦਾ ਹੈ ਕਿ ਅਸੀਂ ਇਨ੍ਹਾਂ ਵਿਛੜੀਆਂ ਸ਼ਖਸੀਅਤਾਂ ਦੇ ਪਦ-ਚਿੰਨ੍ਹਾਂ ਤੇ ਚਲਦੇ ਹੋਏ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹੋਈਏ। ਇਹੀ ਉਨ੍ਹਾਂ ਪ੍ਰਤੀ ਸੱਚੀ ਸ਼ਰਧਾਂਜਲੀ ਹੋਵੇਗੀ।

ਇਨ੍ਹਾਂ ਤੋਂ ਇਲਾਵਾ ਇਸ ਪਵਿੱਤਰ ਸਦਨ ਦੇ ਮੈਂਬਰ ਸਰਦਾਰ ਗੁਰਕੀਰਤ ਸਿੰਘ ਕੋਟਲੀ ਦੇ ਸਤਿਕਾਰਯੋਗ ਮਾਤਾ ਜੀ ਸਰਦਾਰਨੀ ਦਵਿੰਦਰ ਕੌਰ ਸਾਨੂੰ ਮਿਤੀ 16 ਸਤੰਬਰ, 2020 ਨੂੰ ਸਦੀਵੀ ਵਿਛੋੜਾ ਦੇ ਗਏ ਹਨ।

ਸਦਨ ਦੇ ਮੈਂਬਰ, ਸ਼੍ਰੀ ਅਮਿਤ ਵਿਜ ਦੇ ਸਤਿਕਾਰਯੋਗ ਪਿਤਾ ਸ਼੍ਰੀ ਅਨਿਲ ਵਿਜ ਸਾਨੂੰ ਮਿਤੀ 13 ਅਕਤੂਬਰ, 2020 ਨੂੰ ਸਦੀਵੀ ਵਿਛੋੜਾ ਦੇ ਗਏ ਹਨ।

ਮਾਨਯੋਗ ਮੈਂਬਰ, ਸਰਦਾਰ ਜੈ ਕ੍ਰਿਸ਼ਨ ਸਿੰਘ ਜੀ ਦੇ ਸਤਿਕਾਰਯੋਗ ਪਿਤਾ ਚੌਧਰੀ ਚੈਨ ਸਿੰਘ ਜੀ, ਮਿਤੀ 4 ਅਕਤੂਬਰ, 2020 ਨੂੰ ਸਾਨੂੰ ਸਦੀਵੀ ਵਿਛੋੜਾ ਦੇ ਗਏ ਹਨ।

[ਮਾਨਯੋਗ ਸਪੀਕਰ]

ਮਾਨਯੋਗ ਮੈਂਬਰ, ਸ਼੍ਰੀਮਤੀ ਸਰਵਜੀਤ ਕੌਰ ਮਾਣੂਕੇ ਜੀ ਦੇ ਸਤਿਕਾਰਯੋਗ ਪਿਤਾ ਜੀ ਸਰਦਾਰ ਗੁਰਵੰਤ ਸਿੰਘ ਵੀ ਸਾਨੂੰ ਮਿਤੀ 13 ਸਤੰਬਰ, 2020 ਨੂੰ ਸਦੀਵੀ ਵਿਛੋੜਾ ਦੇ ਗਏ ਹਨ।

ਸਬੰਧਿਤ ਮਾਨਯੋਗ ਮੈਂਬਰ ਸਾਹਿਬਾਨ ਨਾਲ ਇਹ ਸਦਨ ਡੂੰਘੀ ਹਮਦਰਦੀ ਪ੍ਰਗਟ ਕਰਦਾ ਹੈ।

**ਵਿੱਤ ਮੰਤਰੀ (ਸਰਦਾਰ ਮਨਪ੍ਰੀਤ ਸਿੰਘ ਬਾਦਲ) :** ਸਪੀਕਰ ਸਾਹਿਬ, ਮੈਂ ਮਾਫੀ ਚਾਹੁੰਦਾ ਹਾਂ ਕਿ ਮੈਂ ਤੁਹਾਨੂੰ ਇੰਟਰੱਪਟ ਕਰਨ ਦੀ ਕੋਸ਼ਿਸ਼ ਕੀਤੀ ਹੈ। ਸਪੀਕਰ ਸਾਹਿਬ ਐਮਰਜੈਂਸੀ। ਹੰਗਾਮੀ ਸੂਰਤ ਵਿੱਚ ਸੈਸ਼ਨ ਬੁਲਾਇਆ ਗਿਆ ਹੈ। ਇਕ ਨਾਂ ਨਜ਼ਰਅੰਦਾਜ਼ ਹੋ ਗਿਆ ਹੈ। ਸਰਦਾਰ ਬਲਵਿੰਦਰ ਸਿੰਘ ਸੰਧੂ, ਜਿਨ੍ਹਾਂ ਨੂੰ 'ਸ਼ੋਰਿਆ ਚੱਕਰ' ਮਿਲਿਆ ਸੀ। ਦੇਸ਼ ਦੇ ਦੁਸ਼ਮਣਾਂ ਨੇ ਉਨ੍ਹਾਂ ਨੂੰ ਕੁਝ ਦਿਨ ਪਹਿਲਾਂ ਸ਼ਹੀਦ ਕਰ ਦਿੱਤਾ ਹੈ। ਤੁਸੀਂ ਇਸ ਨਾਂ ਨੂੰ ਇਸ ਸ਼ਰਧਾਂਜਲੀ ਲਿਸਟ ਵਿੱਚ ਅਟੈਚ ਕਰ ਲਓ। ਕਾਂਗਰਸ ਲੈਜਿਸਲੇਟਿਵ ਪਾਰਟੀ ਇਹ ਵੀ ਚਾਹੁੰਦੀ ਹੈ ਕਿ ਜਿਹੜੇ ਕਿਸਾਨਾਂ ਦੀ ongoing agitation ਵਿੱਚ ਮੌਤ ਹੋਈ ਹੈ, ਉਨ੍ਹਾਂ ਦੇ ਪਰਿਵਾਰਾਂ ਨਾਲ ਵੀ ਇਸ ਸਦਨ ਵਲੋਂ ਹਮਦਰਦੀ ਪ੍ਰਗਟ ਕੀਤੀ ਜਾਵੇ ਜੀ।

**ਮਾਨਯੋਗ ਸਪੀਕਰ :** ਜੇਕਰ ਸਦਨ ਦੀ ਸਹਿਮਤੀ ਹੈ ਤਾਂ ਇਨ੍ਹਾਂ ਨੂੰ ਵੀ ਸ਼ਾਮਲ ਕਰ ਲਿਆ ਜਾਵੇ ਜੀ?

(**ਅਵਾਜ਼ਾਂ:** ਹਾਂ ਜੀ, ਹਾਂ ਜੀ।)

**ਸਰਦਾਰ ਹਰਪਾਲ ਸਿੰਘ ਚੀਮਾ :** ਸਪੀਕਰ ਸਾਹਿਬ, ਇਹ ਕਿਸਾਨ ਹਨ :- ਸਰਦਾਰ ਮੁਖਤਿਆਰ ਸਿੰਘ ਕਿਸ਼ਨਗੜ੍ਹ, ਸਰਦਾਰ ਵਜੀਰ ਸਿੰਘ ਕਿਸ਼ਨਗੜ੍ਹ, ਸਰਦਾਰ ਪ੍ਰੀਤਮ ਸਿੰਘ ਅੱਕਾਂਵਾਲੀ, ਬੇਬੇ ਤੇਜ ਕੌਰ ਪਿੰਡ ਬਾਰੇ (Bare), ਸਰਦਾਰ ਜੁਗਰਾਜ ਸਿੰਘ ਪਿੰਡ ਗੜ੍ਹੱਦੀ, ਸਰਦਾਰ ਜਸਪਾਲ ਸਿੰਘ ਪਿੰਡ ਸਰੀਂਹ, ਮਹਿਲਕਲਾਂ ਅਤੇ ਸਰਦਾਰ ਲਾਭ ਸਿੰਘ ਪਿੰਡ ਭੁੱਲਰਹੇੜੀ ਹਨ। ਇਹ ਸੱਤ ਕਿਸਾਨ ਇਸ ਐਜੀਟੇਸ਼ਨ ਵਿੱਚ, ਜਿਸ ਤਰ੍ਹਾਂ ਸਰਦਾਰ ਮਨਪ੍ਰੀਤ ਸਿੰਘ ਬਾਦਲ ਜੀ ਨੇ ਕਿਹਾ ਹੈ, ਸ਼ਹਾਦਤ ਦਾ ਜਾਮ ਪੀ ਗਏ ਹਨ। ਉਨ੍ਹਾਂ ਦੇ ਨਾਂ ਵੀ ਇਸ ਲਿਸਟ ਵਿੱਚ ਸ਼ਾਮਲ ਕੀਤੇ ਜਾਣ ਜੀ।

**ਸਰਦਾਰ ਬਿਕਰਮ ਸਿੰਘ ਮਜੀਠੀਆ :** ਸਪੀਕਰ ਸਾਹਿਬ, I think ਕੁਝ ਨਾਂ ਰਹਿ ਗਏ ਹਨ। ਸ਼੍ਰੀ ਭਰਤ ਸਿੰਘ, ਜ਼ਿਲ੍ਹਾ ਅੰਬਾਲਾ, ਸ਼੍ਰੀ ਹਰਬੰਸ ਸਿੰਘ, ਪਿੰਡ ਮਹਿਮੂਦਪੁਰ,

ਸ਼੍ਰੀ ਮੇਘ ਰਾਜ ਪਿੰਡ ਨਾਗਰੀ ਦੇ ਨਾਂ ਮਿਸ ਹੋਏ ਹਨ, ਮੈਂ ਅਕਾਲੀ ਦਲ ਵਲੋਂ ਉਹ ਲਿਸਟ ਲੈ ਕੇ ਆਇਆ ਹਾਂ। ਮੈਂ ਇਹ ਟੇਬਲ ਤੇ ਰੱਖ ਸਕਦਾ ਹਾਂ, ਇਨ੍ਹਾਂ ਸਾਰਿਆਂ ਨੂੰ ਵੀ ਸ਼ਰਧਾਂਜਲੀ ਸੂਚੀ ਵਿੱਚ ਇਨਕਲੂਡ ਕਰ ਲਿਆ ਜਾਵੇ। ਜੋ ਕਿਸਾਨੀ ਸੰਘਰਸ਼ ਵਿੱਚ ਆਪਣੀ ਵਡਮੁੱਲੀ ਕੁਰਬਾਨੀ ਦੇ ਗਏ ਹਨ, ਉਨ੍ਹਾਂ ਸਭ ਦੇ ਸਤਿਕਾਰ ਵਜੋਂ ਇਹ ਨਾਂ ਇਨਕਲੂਡ ਕੀਤੇ ਜਾਣ ਜੀ।

**ਮਾਨਯੋਗ ਸਪੀਕਰ:** ਜੇ ਸਦਨ ਦੀ ਸਹਿਮਤੀ ਹੋਵੇ ਤਾਂ ਕਿਸਾਨੀ ਸੰਘਰਸ਼ ਵਾਲੇ ਸਾਰੇ ਨਾਂ ਇਨਕਲੂਡ ਕਰ ਲਏ ਜਾਣ?

**(ਅਵਾਜ਼ਾਂ :** ਹਾਂ ਜੀ, ਹਾਂ ਜੀ।)

**ਸਰਦਾਰ ਬਿਕਰਮ ਸਿੰਘ ਮਜੀਠੀਆ:** ਜਿਹੜੇ ਕਿਸਾਨ ਕਰਜ਼ਾ ਮਾਫੀ ਨਾ ਹੋਣ ਕਰਕੇ ਖੁਦਕੁਸ਼ੀ ਕਰ ਗਏ ਹਨ, ਉਨ੍ਹਾਂ ਦੇ ਨਾਂ ਵੀ ਨਾਲ ਹੀ ਦਰਜ ਕਰ ਲਏ ਜਾਣ। ਇਹ ਲਿਸਟ ਵੀ ਅਸੀਂ ਲੈ ਕੇ ਆਏ ਹਾਂ।

**ਸਰਦਾਰ ਸਿਮਰਜੀਤ ਸਿੰਘ ਬੈਂਸ:** ਸਪੀਕਰ ਸਾਹਿਬ, ਸਾਡੇ ਦੇਸ਼ ਦੇ ਬਹੁਤ ਉੱਘੇ ਸਨਅਤਕਾਰ ਬਿੱਗ ਬੈੱਨ ਐਕਸਪੋਰਟਸ, ਲੁਧਿਆਣਾ ਦੇ ਨੌਜਵਾਨ ਮਾਲਕ ਸ਼੍ਰੀ ਅੰਗਦ ਸਿੰਘ ਪਿਛਲੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਨੇ ਇੰਡਸਟਰੀ ਦੇ ਖੇਤਰ ਵਿੱਚ ਬਹੁਤ ਯੋਗਦਾਨ ਪਾਇਆ ਹੈ। ਸੋ, ਮੇਰੀ ਸਨਿਮਰ ਬੇਨਤੀ ਹੈ ਕਿ ਸ਼੍ਰੀ ਅੰਗਦ ਸਿੰਘ ਹੁਰਾਂ ਦਾ ਨਾਮ ਵੀ ਸ਼ਰਧਾਂਜਲੀ ਵਾਲੀ ਸੂਚੀ ਦੇ ਵਿੱਚ ਸ਼ਾਮਲ ਕੀਤਾ ਜਾਵੇ।

**ਸਰਦਾਰ ਕੁਲਤਾਰ ਸਿੰਘ ਸੰਧਵਾਂ:** ਮਾਨਯੋਗ ਸਪੀਕਰ ਸਾਹਿਬ, 04 ਮਾਰਚ, 2020 ਤੋਂ ਲੈ ਕੇ 19 ਅਕਤੂਬਰ, 2020 ਤੱਕ ਸਾਡੇ 44 ਕਿਸਾਨ ਅਜਿਹੇ ਹਨ, ਜਿਨ੍ਹਾਂ ਨੇ ਕਰਜ਼ੇ ਦੀ ਮਾਰ ਕਰਕੇ ਖੁਦਕੁਸ਼ੀ ਕੀਤੀ ਹੈ। ਮੈਂ ਉਨ੍ਹਾਂ ਦੀ ਲਿਸਟ ਲੈ ਕੇ ਆਇਆ ਹਾਂ। ਇਹ ਕਰਜ਼ਾ ਇਸ ਕਰਕੇ ਸਿਰ ਚੜ੍ਹ ਰਿਹਾ ਹੈ ਕਿਉਂਕਿ ਸਾਡੇ ਦੇਸ਼ ਦੀਆਂ ਪਾਲਿਸੀਆਂ ਕਿਸਾਨਾਂ ਦੇ ਖਿਲਾਫ ਹਨ। ਉਨ੍ਹਾਂ ਨੂੰ ਵੀ ਸ਼ਰਧਾਂਜਲੀ ਦਿੱਤੀ ਜਾਵੇ ਜੀ। ਮੈਂ ਉਨ੍ਹਾਂ ਦੇ ਨਾਵਾਂ ਦੀ ਲਿਸਟ ਲੈ ਕੇ ਆਇਆ ਹਾਂ। ਮੈਨੂੰ ਇਜਾਜ਼ਤ ਦਿਉ ਜੀ ਕਿ ਮੈਂ ਇਹ ਲਿਸਟ ਟੇਬਲ ਤੇ ਰੱਖ ਦੇਵਾਂ?

**ਮਾਨਯੋਗ ਸਪੀਕਰ:** ਤੁਸੀਂ ਬੈਠੋ ਜੀ। ਅਸੀਂ ਪਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਉਹ ਇਨ੍ਹਾਂ ਵਿਛੜੀਆਂ ਸ਼ਖ਼ਸੀਅਤਾਂ ਦੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ, ਉਨ੍ਹਾਂ ਦੇ ਪਰਿਵਾਰਾਂ ਨੂੰ ਚੜ੍ਹਦੀਕਲਾ ਵਿੱਚ ਰੱਖਣ ਅਤੇ ਭਾਣਾ ਮੰਨਣ ਦਾ ਬਲ ਬਖ਼ਸ਼ਣ।

ਜੇਕਰ ਸਦਨ ਦੀ ਸਹਿਮਤੀ ਹੋਵੇ ਤਾਂ ਸ਼ੋਕ ਪ੍ਰਸਤਾਵ ਸਾਰੀਆਂ ਵਿਛੜੀਆਂ ਸ਼ਖ਼ਸੀਅਤਾਂ ਦੇ ਪਰਿਵਾਰਾਂ ਨੂੰ ਭੇਜ ਦਿੱਤੇ ਜਾਣ। ਹੁਣ, ਮੈਂ ਸਮੂਹ ਮੈਂਬਰ ਸਾਹਿਬਾਨ ਨੂੰ ਬੇਨਤੀ ਕਰਦਾ ਹਾਂ ਕਿ ਇਨ੍ਹਾਂ ਵਿਛੜੀਆਂ ਰੂਹਾਂ ਦੀ ਯਾਦ ਵਿੱਚ ਦੋ ਮਿੰਟ ਮੋਨ ਧਾਰਨ ਕਰਨ ਲਈ ਖੜ੍ਹੇ ਹੋਈਏ।

(ਇਸ ਸਮੇਂ ਸਦਨ ਵਿੱਚ ਹਾਜ਼ਰ ਸਮੂਹ ਮੈਂਬਰਾਂ ਨੇ ਵਿਛੜੀਆਂ ਰੂਹਾਂ ਦੀ ਸ਼ਾਂਤੀ ਲਈ ਖੜ੍ਹੇ ਹੋ ਕੇ ਦੋ ਮਿੰਟ ਲਈ ਮੋਨ ਧਾਰਨ ਕੀਤਾ।)

---

## SHORT ADJOURNMENT OF THE HOUSE

**ਮਾਨਯੋਗ ਸਪੀਕਰ:** ਧੰਨਵਾਦ ਜੀ। ਸਦਨ ਦੀ ਬੈਠਕ ਇੱਕ ਘੰਟੇ ਲਈ ਸਥਗਿਤ ਹੁੰਦੀ ਹੈ।

*11.13 ਵਜੇ ਪੂਰਵ ਦੁਪਹਿਰ

(*ਇਸ ਸਮੇਂ ਸਦਨ ਇੱਕ ਘੰਟੇ ਲਈ ਸਥਗਿਤ ਹੋ ਗਿਆ ਅਤੇ 12.13 ਵਜੇ ਬਾਅਦ ਦੁਪਹਿਰ ਮੁੜ ਇਕੱਤਰ ਹੋਇਆ।)

---

## PRESENTATION OF THE FIRST REPORT OF THE BUSINESS ADVISORY COMMITTEE

**ਮਾਨਯੋਗ ਸਪੀਕਰ :** ਹੁਣ, ਮੈਂ ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਪੇਸ਼ ਕਰਦਾ ਹਾਂ, ਜੋ ਕਿ ਇਸ ਤਰ੍ਹਾਂ ਹੈ:-

The Committee recommended that the business for the current Special Session be transacted as per the following motion:-

> "This House resolves that the current Special Session of the Punjab Vidhan Sabha (Punjab Legislative Assembly) has been called under special circumstances, keeping in view the farmers distress, therefore, during this Session only certain urgent and important Government Business be transacted and no other business whatsoever including Questions, Calling Attention Notices and any other business to be initiated by a Private Member be brought before or transacted in the House during the Session and all relevant rules on the subject in the Rules of Procedure and Conduct of Business in the Punjab Vidhan Sabha (Punjab Legislative Assembly) do hereby stand suspended to that extent.

(ਇਸ ਸਮੇਂ ਲੋਕ ਇਨਸਾਫ ਪਾਰਟੀ ਦੇ ਮੈਂਬਰ, ਸਰਦਾਰ ਬਲਵਿੰਦਰ ਸਿੰਘ ਬੈਂਸ ਆਪਣੀ ਸੀਟ ਤੋਂ ਖੜ੍ਹੇ ਹੋ ਕੇ ਮਾਨਯੋਗ ਸਪੀਕਰ ਸਾਹਿਬ ਨੂੰ ਕਾਰਜ ਸਲਾਹਕਾਰ ਕਮੇਟੀ ਦੀ ਰਿਪੋਰਟ ਪੰਜਾਬੀ ਵਿਚ ਪੇਸ਼ ਕਰਨ ਲਈ ਕਹਿ ਰਹੇ ਸਨ।)

ਮੈਂ ਬੋਲ ਸਕਦਾ ਹਾਂ, ਦੋਵੇਂ ਜ਼ੁਬਾਨਾਂ ਬੋਲ ਸਕਦਾ ਹਾਂ।

The Committee also recommended that the current Special Session be extended for one another day i.e. on 20th October 2020 to transact the following business:-

| | |
|---|---|
| Tuesday, the 20th October 2020 (10.00 A.M.) | i) Legislative Business; and<br>ii) Motion under Rule 16 regarding adjournment of the House sine die. |

(ਇਸ ਸਮੇਂ ਸ਼੍ਰੋਮਣੀ ਅਕਾਲੀ ਦਲ ਦੇ ਮੈਂਬਰ, ਸ਼੍ਰੀ ਪਵਨ ਕੁਮਾਰ ਟੀਨੂ, ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ ਅਤੇ ਸ਼੍ਰੀ ਐਨ.ਕੇ.ਸ਼ਰਮਾ ਆਪਣੀਆਂ ਸੀਟਾਂ ਤੋਂ ਖੜ੍ਹੇ ਹੋ ਕੇ ਬੋਲਣ ਲਈ ਇਜਾਜ਼ਤ ਮੰਗ ਰਹੇ ਸਨ।)

ਮੈਨੂੰ ਇਹ ਪੜ੍ਹ ਲੈਣ ਦਿਓ, ਫਿਰ ਗੱਲ ਕਰਦੇ ਹਾਂ।

If any Rule/Rules of the Rules of Procedure and Conduct of Business in the Punjab Vidhan Sabha (Punjab Legislative Assembly) is/are inconsistent with the above recommendations, that/those Rule/Rules shall stand suspended to that extent."

**ਮਾਨਯੋਗ ਸਪੀਕਰ:** ਵਿੱਤ ਮੰਤਰੀ ਜੀ ਪ੍ਰਸਤਾਵ ਪੇਸ਼ ਕਰਨ।

**ਵਿੱਤ ਮੰਤਰੀ (ਸਰਦਾਰ ਮਨਪ੍ਰੀਤ ਸਿੰਘ ਬਾਦਲ) :** ਸ਼੍ਰੀਮਾਨ ਜੀ, ਮੈਂ ਪ੍ਰਸਤਾਵ ਕਰਦਾ ਹਾਂ–

ਕਿ ਇਹ ਸਦਨ ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਵਿਚ ਦਰਜ ਸਿਫਾਰਸ਼ਾਂ ਨਾਲ ਸਹਿਮਤ ਹੈ।

**ਮਾਨਯੋਗ ਸਪੀਕਰ:** ਪ੍ਰਸਤਾਵ ਕੀਤਾ-

ਕਿ ਇਹ ਸਦਨ ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਵਿਚ ਦਰਜ ਸਿਫਾਰਸ਼ਾਂ ਨਾਲ ਸਹਿਮਤ ਹੈ।

ਹਾਂ ਜੀ, ਸਰਦਾਰ ਹਰਪਾਲ ਸਿੰਘ ਚੀਮਾ ਜੀ।

**ਸਰਦਾਰ ਹਰਪਾਲ ਸਿੰਘ ਚੀਮਾ (ਦਿੜ੍ਹਬਾ, ਐਸ.ਸੀ.):** ਸਪੀਕਰ ਸਾਹਿਬ, ਇਹ ਵਿਧਾਨ ਸਭਾ ਦਾ ਸਪੈਸ਼ਲ ਸੈਸ਼ਨ ਹੈ। ਇਹ ਇਸ ਲਈ ਬੁਲਾਇਆ ਗਿਆ ਹੈ ਕਿ ਕੇਂਦਰ ਦੇ ਖੇਤੀਬਾੜੀ ਬਿਲਾਂ ਦੇ ਖਿਲਾਫ ਕਿਵੇਂ ਲੈਜਿਸਲੇਸ਼ਨ ਲੈ ਕੇ ਆਉਣਾ ਹੈ, ਕਿਵੇਂ ਕਾਨੂੰਨ ਲੈ ਕੇ ਆਉਣਾ ਹੈ ਲੇਕਿਨ ਮੈਂ ਬੀ.ਏ.ਸੀ. ਦੀ ਮੀਟਿੰਗ ਵਿੱਚ ਵੀ ਕਿਹਾ ਸੀ।

(ਇਸ ਸਮੇਂ ਸ਼੍ਰੋਮਣੀ ਅਕਾਲੀ ਦਲ ਅਤੇ ਆਮ ਆਦਮੀ ਪਾਰਟੀ ਦੇ ਕੁਝ ਮੈਂਬਰ, ਆਪਣੀਆਂ-ਆਪਣੀਆਂ ਸੀਟਾਂ ਤੇ ਖੜ੍ਹੇ ਹੋ ਕੇ ਲਗਾਤਾਰ ** ** ਬਿਨਾਂ ਇਜਾਜ਼ਤ ਬੋਲ ਰਹੇ ਸਨ ਅਤੇ ਇਸ ਸਮੇਂ ਸਦਨ ਵਿੱਚ ਕਾਫੀ ਸ਼ੋਰ ਸੀ।)

**ਮਾਨਯੋਗ ਸਪੀਕਰ:** ਜੋ ਕੁਝ ਚੇਅਰ ਦੀ ਇਜਾਜ਼ਤ ਤੋਂ ਬਿਨਾਂ ਕਿਹਾ ਗਿਆ ਹੈ, ਇਹ ਦਰਜ ਨਾ ਕੀਤਾ ਜਾਵੇ।

**ਸਰਦਾਰ ਹਰਪਾਲ ਸਿੰਘ ਚੀਮਾ:** ਸਪੀਕਰ ਸਾਹਿਬ, ਉਨ੍ਹਾਂ ਬਿਲਾਂ ਦੀਆਂ ਕਾਪੀਆਂ ਕਦੋਂ ਮਿਲਣਗੀਆਂ? ਕੀ ਉਨ੍ਹਾਂ ਬਿਲਾਂ ਦੀਆਂ ਕਾਪੀਆਂ ਕੱਲ੍ਹ ਨੂੰ 11 ਵਜੇ ਮਿਲਣਗੀਆਂ? ਸਪੀਕਰ ਸਾਹਿਬ, ਇਸੇ ਵਿਧਾਨ ਸਭਾ ਦੇ ਵਿੱਚ ਸਾਡੇ ਸੰਸਦੀ ਮਾਮਲੇ ਮੰਤਰੀ ਨੇ ਐਸ਼ਿਓਰ ਕੀਤਾ ਸੀ ਕਿ ਬਿਲਾਂ ਦੀਆਂ ਕਾਪੀਆਂ 15 ਦਿਨ ਪਹਿਲਾਂ ਮਿਲਣਗੀਆਂ। ਅਸੀਂ ਮੰਨਦੇ ਹਾਂ ਕਿ ਐਮਰਜੈਂਸੀ ਸੈਸ਼ਨ ਹੈ ਲੇਕਿਨ 48 ਘੰਟੇ, 24 ਘੰਟੇ, 12 ਘੰਟੇ, 10 ਘੰਟੇ, 8 ਘੰਟੇ, ਇਹ ਤਾਂ ਦੱਸ ਦਿਓ ਕਿ ਕਦੋਂ ਤੱਕ ਮਿਲਣਗੀਆਂ? ਕੀ ਇਹ ਕਾਪੀਆਂ ਕੱਲ੍ਹ ਨੂੰ ਮਿਲਣਗੀਆਂ? ਕੀ ਜਦੋਂ ਸੈਸ਼ਨ ਓਵਰ ਹੋ ਗਿਆ, ਉਦੋਂ ਮਿਲਣਗੀਆਂ? ਸਰ, ਤੁਸੀਂ ਇਥੇ ਵਿਧਾਨ ਸਭਾ ਵਿੱਚ ਐਸ਼ਿਓਰ ਕੀਤਾ ਸੀ। ਸਰ, ਅੱਜ ਇਹ ਕਾਪੀਆਂ ਕਿਉਂ ਨਹੀਂ ਮਿਲ ਰਹੀਆਂ?

**ਮਾਨਯੋਗ ਸਪੀਕਰ:** ਤੁਸੀਂ ਇਹ ਗੱਲ ਬੀ.ਏ.ਸੀ. ਵਿੱਚ ਕੀਤੀ ਹੈ।

---

** **Not recorded as ordered by the Chair.

**ਸਰਦਾਰ ਹਰਪਾਲ ਸਿੰਘ ਚੀਮਾ:** ਹਾਂ ਜੀ, ਮੈਂ ਬੀ.ਏ.ਸੀ. ਵਿੱਚ ਗੱਲ ਕੀਤੀ ਹੈ। ਸਰ, ਇੱਥੇ ਅਜਿਹਾ ਨਹੀਂ ਹੈ ਕਿ ਤੁਸੀਂ ਬਿਲ ਦੀਆਂ ਕਾਪੀਆਂ ਨਹੀਂ ਦਿਉਗੇ? ਸਰ, ਜਿਹੜਾ ਕੱਲ੍ਹ ਖੇਤੀਬਾੜੀ ਨਾਲ ਸਬੰਧਿਤ ਬਿਲ ਆਉਣਾ ਹੈ, ਉਸ ਦੀਆਂ ਕਾਪੀਆਂ ਨੂੰ ਕਿਉਂ withhold ਕੀਤਾ ਗਿਆ ਹੈ? ਇਸ ਵਿੱਚ ਪੰਜਾਬ ਸਰਕਾਰ ਦੀ ਕੀ bad intention ਹੈ? (ਵਿਘਨ)(ਸ਼ੋਰ)

**ਵਿੱਤ ਮੰਤਰੀ:** ਸਪੀਕਰ ਸਾਹਿਬ, ਮੈਂ Business Advisory Committee ਦੇ ਵਿੱਚ ਵੀ ਦੱਸਿਆ ਸੀ ਅਤੇ ਬੜੇ ਅਦਬ ਨਾਲ ਇਸ ਹਾਊਸ ਨੂੰ ਵੀ ਦੱਸਣਾ ਚਾਹੁੰਦਾ ਹਾਂ ਕਿ ਜਿੰਨੀ ਵੀ ਸਰਕਾਰ ਦੀ ਲੈਜਿਸਲੇਸ਼ਨ ਹੈ, ਉਸ ਦੀਆਂ ਕਾਪੀਆਂ 5.00 ਵਜੇ ਤੋਂ ਪਹਿਲਾਂ-ਪਹਿਲਾਂ ਪਹੁੰਚ ਜਾਣਗੀਆਂ। ਜਿੱਥੋਂ ਤੱਕ ਖੇਤੀਬਾੜੀ ਬਿਲ ਦਾ ਸਵਾਲ ਹੈ। ਸਪੀਕਰ ਸਾਹਿਬ, ਇਹ ਮਸਲਾ ਬੜਾ ਗੁੰਝਲਦਾਰ ਹੈ।

**ਮਾਨਯੋਗ ਸਪੀਕਰ:**ਤੁਸੀਂ ਸੁਣ ਲਓ, (ਆਪੋਜ਼ੀਸ਼ਨ ਬੈਂਚਿਜ਼ ਨੂੰ ਸੰਬੋਧਨ ਕਰਦਿਆਂ) ਹੁਣ ਤੁਸੀਂ ਸੁਣ ਲਓ।

**ਵਿੱਤ ਮੰਤਰੀ:** ਸਪੀਕਰ ਸਾਹਿਬ, ਅਖੀਰਲੇ ਸਮੇਂ ਤੱਕ ਜਿਹੜੇ ਕਾਨੂੰਨਦਾਨ ਹਨ, ਚਾਹੇ ਉਹ constitutional experts ਹਨ, ਚਾਹੇ ਉਹ ਵੱਡੇ ਵਕੀਲ ਹਨ, ਉਨ੍ਹਾਂ ਨਾਲ ਸਰਕਾਰ ਦੀ ਮੁਸ਼ਾਵਰਤ ਚੱਲ ਰਹੀ ਹੈ। ਸਪੀਕਰ ਸਾਹਿਬ, ਇਹ ਬਿਲ ਸਰਕਾਰ ਲੈ ਕੇ ਆਏਗੀ। (ਵਿਘਨ)(ਸ਼ੋਰ)

**ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ (ਨਕੋਦਰ):** ਸਪੀਕਰ ਸਾਹਿਬ, ਬੜੇ ਅਫਸੋਸ ਨਾਲ ਕਹਿਣਾ ਪੈ ਰਿਹਾ ਹੈ ਕਿ ਸਾਰਾ ਪੰਜਾਬ ਅੱਜ ਇਸ ਵਿਧਾਨ ਸਭਾ ਵੱਲ ਦੇਖ ਰਿਹਾ ਹੈ। ਸਰਕਾਰ ਨੇ ਇਹ ਸਪੈਸ਼ਲ ਸੈਸ਼ਨ Agricultural Acts ਦੇ ਸਬੰਧ ਵਿੱਚ ਬੁਲਾਇਆ ਹੈ। ਇਹ ਸਾਰੇ ਪੰਜਾਬ ਨੂੰ ਅਤੇ ਕਿਸਾਨਾਂ ਨੂੰ ਪਤਾ ਹੈ ਕਿ ਪੰਜਾਬ ਵਿਧਾਨ ਸਭਾ ਅੱਜ ਕੋਈ ਫੈਸਲਾ ਕਰਕੇ ਉੱਠੇਗੀ ਪਰ ਸਰਕਾਰ double minded ਹੈ। ਸਰਕਾਰ ਨੂੰ clarity ਨਹੀਂ ਹੈ ਕਿ ਇਨ੍ਹਾਂ ਨੇ ਕਿਹੜਾ resolution ਲੈ ਕੇ ਆਉਣਾ ਹੈ? ਬਾਕੀ ਤੁਸੀਂ ਜਿਹੜੀ ਅੱਜ ਦੀ ਕਾਰਵਾਈ ਪਾਈ ਹੈ, ਇਹ ਬਿਲਕੁਲ ਹੀ ਆਪਣੇ ਕਿਸਾਨਾਂ ਨਾਲ ਮਜ਼ਾਕ ਹੋ ਗਿਆ ਜੀ। ਅੱਜ Agricultural Ordinance Act ਬਾਰੇ ਸਪੈਸ਼ਲ ਸੈਸ਼ਨ ਬੁਲਾਇਆ ਗਿਆ ਹੈ, ਇਸ ਵਿੱਚ ਪਹਿਲਾਂ ਹਾਊਸ ਦਾ ਮੇਨ ਬਿਜ਼ਨਸ ਹੋਣਾ ਚਾਹੀਦਾ ਸੀ, ਜਿਹੜਾ ਸਰਕਾਰ ਨਹੀਂ ਲੈ ਕੇ ਆਈ। ਸਰਕਾਰ ਅੱਜ ਦੀ ਕਾਰਵਾਈ ਕਿਸ ਦੇ ਦਬਾਅ ਥੱਲੇ ਲੈ ਕੇ ਆਈ ਹੈ? ਇਸ ਦਾ ਕਾਰਨ ਕੀ ਹੈ, ਸਰਕਾਰ ਕਿਸਾਨਾਂ ਨੂੰ ਇਸ ਦਾ ਜਵਾਬ ਦੇਵੇ। ਅੱਜ ਸਾਰਾ ਪੰਜਾਬ ਦੇਖ ਰਿਹਾ ਹੈ ਕਿ ਪੰਜਾਬ ਵਿਧਾਨ ਸਭਾ ਕੀ ਕਰ ਰਹੀ ਹੈ।

[ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ]

ਅਸੀਂ ਅੱਧੇ ਘੰਟੇ ਬਾਅਦ ਮੁੜ ਕੇ ਘਰਾਂ ਨੂੰ ਚਲੇ ਜਾਣਾ ਹੈ। ਇਹ ਸਰਕਾਰ ਨੇ ਕਿਸਾਨਾਂ ਦਾ ਮਜ਼ਾਕ ਉਡਾਇਆ ਹੈ ਜੀ। ਸਾਨੂੰ ਇਸ ਗੱਲ ਦਾ ਦੁੱਖ ਹੈ। ਆਪਾਂ ਸਾਰੇ ਕਿਸਾਨਾਂ ਨਾਲ ਖੜ੍ਹੇ ਹਾਂ। ਇਹ (ਆਮ ਆਦਮੀ ਪਾਰਟੀ ਦੇ ਮੈਂਬਰਾਂ ਵੱਲ ਇਸ਼ਾਰਾ) ਵੀ ਮੇਰੇ ਵੀਰ ਖੜ੍ਹੇ ਹਨ ਤੇ ਅਸੀਂ ਵੀ ਖੜ੍ਹੇ ਹਾਂ ਲੇਕਿਨ ਅੱਜ ਸਭ ਤੋਂ ਪਹਿਲਾਂ ਇਸ ਹਾਊਸ ਦਾ ਬਿਜ਼ਨਸ ਹੋਣਾ ਚਾਹੀਦਾ ਸੀ। ਜਿਹੜੇ ਖੇਤੀਬਾੜੀ ਦੇ ਐਕਟ ਦੇਸ਼ ਦੀ ਪਾਰਲੀਮੈਂਟ ਨੇ ਪਾਸ ਕੀਤੇ ਹਨ, ਉਨ੍ਹਾਂ ਨੂੰ ਆਪਾਂ nullify ਕਰਨਾ ਹੈ। ਹੁਣ ਬਾਦਲ ਸਾਹਿਬ ਕਹਿੰਦੇ ਹਨ ਕਿ ਸ਼ਾਮ ਨੂੰ ਬਿਲ ਆ ਜਾਏਗਾ, ਪਤਾ ਨਹੀਂ ਕਦੋਂ ਆਏਗਾ? ਲੇਕਿਨ ਇਹ ਸਭ ਤੋਂ important issue ਸੀ। (ਵਿਘਨ)(ਸ਼ੋਰ)

**ਮਾਨਯੋਗ ਸਪੀਕਰ:** ਵਡਾਲਾ ਜੀ, ਤੁਸੀਂ ਗੱਲ ਸੁਣੋ।

**ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ:** ਸਪੀਕਰ ਸਾਹਿਬ, ਬਿਲਕੁਲ ਨਹੀਂ ਜੀ, ਇਹ ਸਰਕਾਰ ਨੇ ਬਹੁਤ ਵੱਡੀ ਕੁਤਾਹੀ ਕੀਤੀ ਹੈ। ਇਹ ਕਿਸਾਨਾਂ ਦੇ ਜਜ਼ਬਾਤਾਂ ਨਾਲ ਖੇਡੇ ਹਨ।

**ਮਾਨਯੋਗ ਸਪੀਕਰ:** ਵਡਾਲਾ ਜੀ, ਤੁਸੀਂ ਸੁਣੋਗੇ ਵੀ? ਬੀ.ਏ.ਸੀ. ਵਿੱਚ ਫੈਸਲਾ ਹੋਇਆ ਹੈ ਅਤੇ ਇਸ ਗੱਲ ਤੇ ਸਹਿਮਤੀ ਹੋਈ ਹੈ ਕਿ ਕੱਲ੍ਹ ਸੈਸ਼ਨ ਹੋਵੇਗਾ। (ਵਿਘਨ)(ਸ਼ੋਰ)

(ਇਸ ਸਮੇਂ ਸ਼੍ਰੋਮਣੀ ਅਕਾਲੀ ਦਲ ਅਤੇ ਆਮ ਆਦਮੀ ਪਾਰਟੀ ਦੇ ਸਦਨ ਵਿੱਚ ਹਾਜ਼ਰ ਸਮੂਹ ਮੈਂਬਰ ਆਪਣੀਆਂ-ਆਪਣੀਆਂ ਸੀਟਾਂ ਤੇ ਖੜ੍ਹੇ ਹੋ ਕੇ ਬਿਨਾਂ ਆਗਿਆ ਬੋਲ ਰਹੇ ਸਨ ਅਤੇ ਸਦਨ ਵਿੱਚ ਕਾਫੀ ਸ਼ੋਰ ਸੀ ਜਿਸ ਕਾਰਨ ਸਾਫ ਸੁਣਾਈ ਨਹੀਂ ਦੇ ਰਿਹਾ ਸੀ।)

**ਮਾਨਯੋਗ ਸਪੀਕਰ :** ਫੈਸਲਾ ਇਹ ਹੋਇਆ ਹੈ ਕਿ ਕੱਲ੍ਹ ਸੈਸ਼ਨ ਹੋਵੇਗਾ। (ਵਿਘਨ)(ਸ਼ੋਰ)

(ਇਸ ਸਮੇਂ ਸ਼੍ਰੋਮਣੀ ਅਕਾਲੀ ਦਲ ਦੇ ਸਦਨ ਵਿੱਚ ਹਾਜ਼ਰ ਸਮੂਹ ਮੈਂਬਰ ਕੇਂਦਰ ਸਰਕਾਰ ਵੱਲੋਂ ਪਾਸ ਕੀਤੇ ਗਏ ਖੇਤੀਬਾੜੀ ਨਾਲ ਸਬੰਧਿਤ ਬਿਲਾਂ ਦੇ ਮੁੱਦੇ 'ਤੇ ਬਹਿਸ ਨਾ ਕਰਵਾਏ ਜਾਣ ਦੇ ਰੋਸ ਵਜੋਂ ਵੈੱਲ ਆਫ ਦਿ ਹਾਊਸ ਵਿੱਚ ਆ ਗਏ ਅਤੇ **ਨਾਅਰੇ ਲਗਾਉਣ ਲੱਗ ਪਏ, ਜੋ ਕਿ ਚੇਅਰ ਦੀ ਆਗਿਆ ਅਨੁਸਾਰ ਰਿਕਾਰਡ ਨਹੀਂ ਕੀਤੇ ਗਏ।)

---

**Not recorded as ordered by the Chair.

**ਖੇਡਾਂ ਤੇ ਯੁਵਕ ਮਾਮਲੇ ਮੰਤਰੀ (ਰਾਣਾ ਗੁਰਮੀਤ ਸਿੰਘ ਸੋਢੀ) :** ਸਪੀਕਰ ਸਾਹਿਬ, ਇੱਕ ਮਿੰਟ ਗੱਲ ਸੁਣ ਲਉ। ਕੋਈ ਬਿਜ਼ਨਸ ਨਹੀਂ ਲਿਆ ਜਾਂਦਾ। (ਵਿਘਨ)(ਸ਼ੋਰ) ਮੈਂ ਲੀਡਰ ਆਫ ਦਿ ਆਪੋਜ਼ੀਸ਼ਨ ਨੂੰ ਦੱਸਣਾ ਚਾਹੁੰਦਾ ਹਾਂ ਕਿ ਅੱਜ ਸ਼ਰਧਾਂਜਲੀਆਂ ਤੋਂ ਬਾਅਦ ਸਰਕਾਰ ਨੇ ਕੱਲ੍ਹ ਦਾ ਸਾਰਾ ਦਿਨ ਰੱਖਿਆ ਹੈ।

**ਮਾਨਯੋਗ ਸਪੀਕਰ :** ਸੈਸ਼ਨ ਕੱਲ੍ਹ ਦਾ ਵੀ ਰੱਖਿਆ ਹੈ। (ਵਿਘਨ)(ਸ਼ੋਰ)

**ਖੇਡਾਂ ਤੇ ਯੁਵਕ ਮਾਮਲੇ ਮੰਤਰੀ:** ਕਿਸਾਨਾਂ ਦੇ ਮੁੱਦੇ ਤੇ ਬਹਿਸ ਕਰਨ ਵਾਸਤੇ ਕੱਲ੍ਹ ਦਾ ਸਾਰਾ ਦਿਨ ਰੱਖਿਆ ਗਿਆ ਹੈ। (ਵਿਘਨ)(ਸ਼ੋਰ)

**ਮਾਨਯੋਗ ਸਪੀਕਰ :** ਕੱਲ੍ਹ ਨੂੰ ਬਹਿਸ ਕਰ ਲੈਣਾ।

**ਖੇਡਾਂ ਤੇ ਯੁਵਕ ਮਾਮਲੇ ਮੰਤਰੀ :** ਇਹ ਤਾਂ ਸੁੱਤੇ ਪਏ ਸਨ। (ਵਿਘਨ)(ਸ਼ੋਰ)

**ਮਾਨਯੋਗ ਸਪੀਕਰ :** ਕੱਲ੍ਹ ਦਾ ਦਿਨ ਐਕਸਟੈਂਡ ਕੀਤਾ ਹੈ। (ਵਿਘਨ)(ਸ਼ੋਰ) ਨਾਅਰੇ ਰਿਕਾਰਡ ਨਾ ਕੀਤੇ ਜਾਣ।

**ਖੇਡਾਂ ਤੇ ਯੁਵਕ ਮਾਮਲੇ ਮੰਤਰੀ :** ਕਿਸਾਨਾਂ ਦੀ ਗੱਲ ਤਾਂ ਅਸੀਂ ਕਰ ਰਹੇ ਹਾਂ, ਸਾਡੀ ਪਾਰਟੀ ਕਰ ਰਹੀ ਹੈ। ਕੈਪਟਨ ਅਮਰਿੰਦਰ ਸਿੰਘ ਕਰ ਰਹੇ ਹਨ। ਇਹ ਕੀ ਗੱਲ ਕਰਨਗੇ?

**ਮਾਨਯੋਗ ਸਪੀਕਰ :** ਕੱਲ੍ਹ ਦਾ ਦਿਨ ਵਧਾਇਆ ਹੈ। (ਵਿਘਨ)(ਸ਼ੋਰ)

**ਖੇਡਾਂ ਤੇ ਯੁਵਕ ਮਾਮਲੇ ਮੰਤਰੀ:** ਸਪੀਕਰ ਸਾਹਿਬ, ਸ਼ਰਧਾਂਜਲੀਆਂ ਤੋਂ ਬਾਅਦ ਸੈਸ਼ਨ ਐਡਜਰਨ ਹੁੰਦਾ ਹੈ। ਇਸੇ ਲਈ ਅੱਜ ਵੀ ਸੈਸ਼ਨ ਐਡਜਰਨ ਕੀਤਾ ਗਿਆ ਹੈ। (ਵਿਘਨ, ਸ਼ੋਰ) ਜੋ ਵੀ ਬਿਜ਼ਨਸ ਐਡਵਾਈਜ਼ਰੀ ਕਮੇਟੀ ਵਿੱਚ ਫੈਸਲਾ ਹੋਇਆ ਹੈ, ਉਸ ਸਮੇਂ ਇਹ ਨਾਲ ਸਨ।

**ਮਾਨਯੋਗ ਸਪੀਕਰ :** ਪ੍ਰਸ਼ਨ ਹੈ-

ਕਿ ਇਹ ਸਦਨ ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਵਿੱਚ ਦਰਜ ਸਿਫਾਰਸ਼ਾਂ ਨਾਲ ਸਹਿਮਤ ਹੈ।

***ਪ੍ਰਸਤਾਵ ਪ੍ਰਵਾਨ ਹੋਇਆ।***

(ਇਸ ਸਮੇਂ ਆਮ ਆਦਮੀ ਪਾਰਟੀ ਦੇ ਸਦਨ ਵਿੱਚ ਹਾਜ਼ਰ ਸਮੂਹ ਮੈਂਬਰ ਆਪਣੀਆਂ ਸੀਟਾਂ ਤੇ ਖੜ੍ਹੇ ਹੋ ਕੇ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਮੈਂਬਰ ਵੈੱਲ ਆਫ ਦਿ ਹਾਊਸ ਵਿੱਚ ਖੜ੍ਹੇ **ਨਾਅਰੇ ਲਗਾ ਰਹੇ ਸਨ, ਜੋ ਕਿ ਚੇਅਰ ਦੀ ਆਗਿਆ ਅਨੁਸਾਰ ਰਿਕਾਰਡ ਨਹੀਂ ਕੀਤੇ ਗਏ।)

---

## ANNOUNCEMENT BY THE SPEAKER REGARDING PANEL OF CHAIRMEN

**ਮਾਨਯੋਗ ਸਪੀਕਰ :** ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਦੇ ਨਿਯਮ 13(1) ਅਧੀਨ ਮੈਂ ਹੇਠ ਲਿਖੇ ਮੈਂਬਰਾਂ ਨੂੰ ਸਭਾਪਤੀ ਨਾਮਾਂਵਲੀ ਲਈ ਨਾਮਜ਼ਦ ਕਰਦਾ ਹਾਂ:-

1. ਸਰਦਾਰ ਹਰਪ੍ਰਤਾਪ ਸਿੰਘ
2. ਸਰਦਾਰ ਗੁਰਕੀਰਤ ਸਿੰਘ ਕੋਟਲੀ
3. ਸ਼੍ਰੀਮਤੀ ਸਰਵਜੀਤ ਕੌਰ ਮਾਣੂਕੇ
4. ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ

---

## RE-LAYING OF REPORT OF RULES COMMITTEE

**ਮਾਨਯੋਗ ਸਪੀਕਰ:** ਮੈਂ ਨਿਯਮ ਕਮੇਟੀ ਦੀ ਰਿਪੋਰਟ ਮੇਜ਼ ਤੇ ਮੁੜ ਰੱਖਦਾ ਹਾਂ ਜਿਵੇਂ ਕਿ ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਦੇ ਨਿਯਮ 232(1) ਅਧੀਨ ਲੋੜੀਂਦਾ ਹੈ।

---

** **Not recorded as ordered by the Chair.

## RE-LAYING OF THE PUNJAB LEGISLATIVE ASSEMBLY (DISQUALIFICATION OF MEMBERS ON GROUND OF DEFECTION ) RULES, 2020 BY THE SECRETARY ON THE TABLE OF THE HOUSE

**ਸਕੱਤਰ:** ਸ਼੍ਰੀਮਾਨ ਜੀ, ਮੈਂ ਪੰਜਾਬ ਵਿਧਾਨ ਸਭਾ (ਦਲ ਬਦਲੀ ਦੇ ਆਧਾਰ ਤੇ ਮੈਂਬਰਾਂ ਦੀ ਅਯੋਗਤਾ) ਨਿਯਮ, 2020 ਜੋ ਕਿ ਭਾਰਤ ਦੇ ਸੰਵਿਧਾਨ ਦੀ ਦਸਵੀਂ ਅਨੁਸੂਚੀ ਦੇ ਪੈਰ੍ਹਾ 8 ਦੁਆਰਾ ਪ੍ਰਦਾਨ ਕੀਤੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਸਪੀਕਰ, ਪੰਜਾਬ ਵਿਧਾਨ ਸਭਾ ਦੁਆਰਾ ਫਰੇਮ ਕੀਤੇ ਗਏ ਹਨ, ਸਦਨ ਦੀ ਮੇਜ਼ ਤੇ ਮੁੜ ਰੱਖਦੀ ਹਾਂ, ਜਿਵੇਂ ਕਿ ਪੈਰ੍ਹਾ 8 ਦੇ ਉਪ-ਪੈਰ੍ਹਾ (2) ਅਧੀਨ ਲੋੜੀਂਦਾ ਹੈ। (ਵਿਘਨ)(ਸ਼ੋਰ)

**ਮਾਨਯੋਗ ਸਪੀਕਰ :** ਪਲੀਜ਼ ਬੈਠੋ। (ਵਿਘਨ)(ਸ਼ੋਰ) ਨਾਅਰੇ ਰਿਕਾਰਡ ਨਾ ਕੀਤੇ ਜਾਣ।

---

## PAPERS LAID ON THE TABLE OF THE HOUSE

**ਮਾਨਯੋਗ ਸਪੀਕਰ:** ਸਰਦਾਰ ਮਨਪ੍ਰੀਤ ਸਿੰਘ ਬਾਦਲ, ਵਿੱਤ ਮੰਤਰੀ ਜੀ ਸਦਨ ਦੀ ਮੇਜ਼ ਤੇ ਰੱਖੇ ਜਾਣ ਵਾਲੇ ਕਾਗਜ਼-ਪੱਤਰ ਪੇਸ਼ ਕਰਨ।

**ਵਿੱਤ ਮੰਤਰੀ (ਸਰਦਾਰ ਮਨਪ੍ਰੀਤ ਸਿੰਘ ਬਾਦਲ) :** ਸ਼੍ਰੀਮਾਨ ਜੀ, ਮੈਂ ਅੱਜ ਦੀ ਕਾਰਜ ਸੂਚੀ ਵਿੱਚ ਦਰਜ ਮੱਦ ਨੰਬਰ VII ਅਧੀਨ ਦਰਸਾਏ ਗਏ ਲੜੀ ਨੰਬਰ 1 ਤੋਂ 8 ਤੱਕ ਦਰਜ ਪੱਤਰ ਸਦਨ ਦੀ ਮੇਜ਼ ਤੇ ਰੱਖਦਾ ਹਾਂ:-

1 ਸਾਲ 2017-18 ਲਈ ਪੰਜਾਬ ਪੱਛੜੀਆਂ ਸ਼੍ਰੇਣੀਆਂ ਭੌਂ ਵਿਕਾਸ ਅਤੇ ਵਿੱਤ ਨਿਗਮ ਦੀ ਬੈਲੰਸ ਸ਼ੀਟ, ਜਿਵੇਂ ਕਿ ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਨਿਗਮ ਐਕਟ, 1976 ਦੀ ਧਾਰਾ 27(6) ਅਧੀਨ ਲੋੜੀਂਦਾ ਹੈ।

2 ਸਾਲ 2018-19 ਲਈ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ, ਚੰਡੀਗੜ੍ਹ ਦੇ ਲੇਖਿਆਂ ਤੇ ਆਡਿਟ ਰਿਪੋਰਟ, ਜਿਵੇਂ ਕਿ ਮਨੁੱਖੀ ਅਧਿਕਾਰ ਐਕਟ,

[ਵਿੱਤ ਮੰਤਰੀ]

1993 ਦੀ ਧਾਰਾ 35(4) ਅਧੀਨ ਲੋੜੀਂਦਾ ਹੈ।

3 ਸਾਲਾਂ 2017-18 ਅਤੇ 2018-19 ਲਈ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੀਆਂ ਸਾਲਾਨਾ ਰਿਪੋਰਟਾਂ, ਜਿਵੇਂ ਕਿ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਐਕਟ, 1996 ਦੀ ਧਾਰਾ 21(4) ਅਧੀਨ ਲੋੜੀਂਦਾ ਹੈ।

4 ਸਾਲ 2018-19 ਲਈ ਰੀਅਲ ਅਸਟੇਟ ਰੈਗੂਲੇਟਰੀ ਅਥਾਰਿਟੀ, ਪੰਜਾਬ, ਚੰਡੀਗੜ੍ਹ ਦੇ ਲੇਖਿਆਂ ਤੇ ਭਾਰਤ ਦੇ ਕੰਪਟ੍ਰੋਲਰ ਅਤੇ ਆਡੀਟਰ ਜਨਰਲ ਦੀ ਵੱਖਰੀ ਆਡਿਟ ਰਿਪੋਰਟ ਜਿਵੇਂ ਕਿ ਰੀਅਲ ਅਸਟੇਟ (ਵਿਨਿਯਮ ਅਤੇ ਵਿਕਾਸ) ਐਕਟ, 2016 ਦੀ ਧਾਰਾ 78 (2) ਅਧੀਨ ਲੋੜੀਂਦਾ ਹੈ।

5 ਸਾਲ 2016-17 ਲਈ ਪਟਿਆਲਾ ਸ਼ਹਿਰੀ ਯੋਜਨਾ ਅਤੇ ਵਿਕਾਸ ਅਥਾਰਿਟੀ ਦੀ ਸਾਲਾਨਾ ਰਿਪੋਰਟ, ਜਿਵੇਂ ਕਿ ਪੰਜਾਬ ਖੇਤਰੀ ਅਤੇ ਸ਼ਹਿਰੀ ਯੋਜਨਾ ਅਤੇ ਵਿਕਾਸ ਐਕਟ, 1995 ਦੀ ਧਾਰਾ 53(1) ਅਧੀਨ ਲੋੜੀਂਦਾ ਹੈ।

6 ਸਾਲ 2016-17 ਲਈ ਪੰਜਾਬ ਸ਼ਹਿਰੀ ਯੋਜਨਾ ਅਤੇ ਵਿਕਾਸ ਅਥਾਰਿਟੀ ਦੀ ਸਾਲਾਨਾ ਰਿਪੋਰਟ, ਜਿਵੇਂ ਕਿ ਪੰਜਾਬ ਖੇਤਰੀ ਅਤੇ ਸ਼ਹਿਰੀ ਯੋਜਨਾ ਅਤੇ ਵਿਕਾਸ ਐਕਟ, 1995 ਦੀ ਧਾਰਾ 54(2) ਅਧੀਨ ਲੋੜੀਂਦਾ ਹੈ।

7 ਸਾਲ 2016-17 ਲਈ ਪੰਜਾਬ ਸੈਰ ਸਪਾਟਾ ਵਿਕਾਸ ਕਾਰਪੋਰੇਸ਼ਨ ਲਿਮਟਿਡ ਦੀ 38ਵੀਂ ਸਾਲਾਨਾ ਰਿਪੋਰਟ ਅਤੇ ਲੇਖੇ, ਜਿਵੇਂ ਕਿ ਕੰਪਨੀਜ਼ ਐਕਟ, 1956 ਦੀ ਧਾਰਾ 619-ੳ ਅਧੀਨ ਲੋੜੀਂਦਾ ਹੈ।

8 ਸਾਲ 2018-19 ਲਈ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੀ ਸਾਲਾਨਾ ਰਿਪੋਰਟ, ਜਿਵੇਂ ਕਿ ਹਰਿਆਣਾ ਅਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀਜ਼ ਐਕਟ, 1970 ਦੀ ਧਾਰਾ 39(3) ਅਧੀਨ ਲੋੜੀਂਦਾ ਹੈ।

## Presentation of Reports of the Committee

**ਮਾਨਯੋਗ ਸਪੀਕਰ:** ਸਰਦਾਰ ਫਤਿਹਜੰਗ ਸਿੰਘ ਬਾਜਵਾ, ਮੈਂਬਰ, ਵਿਸ਼ੇਸ਼ ਅਧਿਕਾਰ ਕਮੇਟੀ, ਕਮੇਟੀ ਦੀ ਦੂਜੀ, ਸੱਤਵੀਂ, ਅੱਠਵੀਂ ਅਤੇ ਨੌਵੀਂ ਅੰਤਰਿਮ ਰਿਪੋਰਟਾਂ ਪੇਸ਼ ਕਰਨਗੇ। (ਵਿਘਨ)(ਸ਼ੋਰ)

**ਮੈਂਬਰ, ਵਿਸ਼ੇਸ਼ ਅਧਿਕਾਰ ਕਮੇਟੀ (ਸਰਦਾਰ ਫਤਿਹਜੰਗ ਸਿੰਘ ਬਾਜਵਾ) :** ਸ਼੍ਰੀਮਾਨ ਜੀ, ਮੈਂ ਸਦਨ ਵਿੱਚ ਉਠਾਏ ਗਏ ਵਿਸ਼ੇਸ਼ ਅਧਿਕਾਰ ਦੀ ਉਲੰਘਣਾ ਸਬੰਧੀ ਮਾਮਲਿਆਂ ਤੇ ਦੂਜੀ, ਸੱਤਵੀਂ, ਅੱਠਵੀਂ ਅਤੇ ਨੌਵੀਂ ਅੰਤਰਿਮ ਰਿਪੋਰਟ ਪੇਸ਼ ਕਰਦਾ ਹਾਂ।

1. ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ ਵੱਲੋਂ ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਿਰੁੱਧ;
2. ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ ਵੱਲੋਂ ਸਰਦਾਰ ਸੁਖਪਾਲ ਸਿੰਘ ਖਹਿਰਾ,ਐਮ.ਐਲ.ਏ. ਦੇ ਵਿਰੁੱਧ;
3. ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ ਵੱਲੋਂ ਸਰਦਾਰ ਸੁਖਪਾਲ ਸਿੰਘ ਖਹਿਰਾ,ਐਮ.ਐਲ.ਏ. ਦੇ ਵਿਰੁੱਧ;
4. ਸਰਦਾਰ ਕੁਲਬੀਰ ਸਿੰਘ ਜ਼ੀਰਾ, ਐਮ.ਐਲ.ਏ. ਵੱਲੋਂ ਸਰਦਾਰ ਸਿਮਰਜੀਤ ਸਿੰਘ ਬੈਂਸ, ਐਮ.ਐਲ.ਏ. ਦੇ ਵਿਰੁੱਧ;
5. ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ ਵੱਲੋਂ ਸ਼੍ਰੀ ਪਵਨ ਕੁਮਾਰ ਟੀਨੂ, ਐਮ.ਐਲ.ਏ. ਦੇ ਵਿਰੁੱਧ;
6. ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ, ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਮੈਂਬਰਾਂ ਵਿਰੁੱਧ; ਅਤੇ
7. ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ, ਪੰਜਾਬ, ਵੱਲੋਂ ਸ਼੍ਰੀ ਪਵਨ ਕੁਮਾਰ ਟੀਨੂ, ਐਮ.ਐਲ.ਏ. ਦੇ ਵਿਰੁੱਧ। (ਵਿਘਨ, ਸ਼ੋਰ)

**ਮਾਨਯੋਗ ਸਪੀਕਰ :** ਹੁਣ ਸਦਨ ਮੰਗਲਵਾਰ, ਮਿਤੀ 20 ਅਕਤੂਬਰ, 2020 ਨੂੰ 10.00 ਵਜੇ ਸਵੇਰ ਤੱਕ ਸਥਗਿਤ ਹੁੰਦਾ ਹੈ।

*12.25 ਵਜੇ ਬਾਅਦ ਦੁਪਹਿਰ) (ਇਸ *ਸਮੇਂ ਸਦਨ ਮੰਗਲਵਾਰ, ਮਿਤੀ 20 ਅਕਤੂਬਰ, 2020 ਦੇ 10.00 ਵਜੇ ਸਵੇਰ ਤੱਕ ਸਥਗਿਤ ਹੋ ਗਿਆ।)

© 2020

ਪੰਜਾਬ ਵਿਧਾਨ ਸਭਾ ਸਕੱਤਰੇਤ ਦੇ ਅਧਿਕਾਰ ਹੇਠ ਪ੍ਰਕਾਸ਼ਿਤ ਅਤੇ ਕੰਟਰੋਲਰ, ਛਪਾਈ ਅਤੇ ਲਿਖਣ ਸਮੱਗਰੀ, ਪੰਜਾਬ, ਚੰਡੀਗੜ੍ਹ ਰਾਹੀਂ ਸਰਕਾਰੀ ਪ੍ਰੈਸ, ਐਸ.ਏ.ਐਸ. ਨਗਰ (ਮੋਹਾਲੀ) ਵਿਖੇ ਟਾਈਪਸੈਟ ਕਰਵਾ ਕੇ ਛਾਪੀ ਗਈ।

10356/12-2020/230 ਕਾਪੀਆਂ ਪੰਜਾਬ ਸਰਕਾਰ ਪ੍ਰੈਸ, ਐਸ.ਏ.ਐਸ